ਅਰਦਾਸ

(ਲੇਖਕ: ਸੋਹਣ ਸਿੰਘ ਸੀਤਲ)

ਸਿੱਖ ਧਰਮ ਵਿੱਚ ਅਰਦਾਸ ਦੀ ਬਹੁਤ ਮਹਾਨਤਾ ਹੈ। ਅਰਦਾਸ ਦਾ ਅਰਥ ਹੈ, ਤਨ ਮਨ ਸਭ ਕੁਝ ਆਪਣੇ ਇਸ਼ਟ ਅੱਗੇ ਅਰਪਣ ਕਰਦੇ ਹੋਏ ਬੇਨਤੀ ਕਰਨਾ:

– ਮਨੁ ਤਨੁ ਆਗੈ ਜੀਅੜਾ ਤੁਝ ਪਾਸਿ॥ ਜਿਉ ਭਾਵੈ ਤਿਉ ਰਖਹੁ ਅਰਦਾਸਿ॥ (੧੩੪੫)

– ਮੇਰੇ ਪ੍ਰੀਤਮਾ ਮੈ ਤੁਝ ਬਿਨੁ ਅਵਰੁ ਨ ਕੋਇ॥ ਮੈ ਤੁਝ ਬਿਨੁ ਅਵਰੁ ਨ ਭਾਵਈ ਤੂੰ ਭਾਵਹਿ ਸੁਖੁ ਹੋਇ॥(੬੧)

ਗੁਰੂ ਅੰਗਦ ਦੇਵ ਜੀ ਫ਼ੁਰਮਾਉਂਦੇ ਹਨ ਕਿ ਮਾਲਕ ਦੇ ਸਾਹਮਣੇ ਹੁਕਮ ਨਹੀਂ ਚਲਦਾ, ਉਥੇ ਤਾਂ ਖਲੋ ਕੇ, ਹੱਥ ਜੋੜ ਕੇ ਅਰਦਾਸ ਕੀਤੀ ਹੀ ਬਣਦੀ ਹੈ।

– ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ॥ (੪੭੪)

– ਆਪੇ ਜਾਣੈ ਕਰੇ ਆਪਿ ਆਪੇ ਆਣੈ ਰਾਸਿ॥ ਤਿਸੈ ਅਗੈ ਨਾਨਕਾ ਖਲਿਇ ਕੀਚੈ ਅਰਦਾਸਿ॥ (੧੦੯੩)

ਗੁਰੂ ਰਾਮਦਾਸ ਜੀ ਆਪਣੇ ਪ੍ਰਭੂ ਅੱਗੇ ਬੜੀ ਨਿਮਰਤਾ ਨਾਲ ਅਰਜ਼ੋਈ ਕਰਦੇ ਹਨ:

– ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ॥
ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ॥(੪੫੦)

– ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ॥
ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ॥(੪੫੦)

ਗੁਰੂ ਅਰਜਨ ਦੇਵ ਜੀ ਇਨ੍ਹਾਂ ਸ਼ਬਦਾਂ ਵਿੱਚ ਅਰਦਾਸ ਕਰਦੇ ਹਨ:

– ਤੁਧੁ ਆਗੈ ਅਰਦਾਸਿ ਹਮਾਰੀ ਜੀਉ ਪਿੰਡੁ ਸਭੁ ਤੇਰਾ॥
ਕਹੁ ਨਾਨਕ ਸਭ ਤੇਰੀ ਵਡਿਆਈ ਕੋਈ ਨਾਉ ਨ ਜਾਣੈ ਮੇਰਾ॥ (੩੮੩)

– ਸੁਨਹੁ ਬੇਨੰਤੀਆ ਸੁਆਮੀ ਮੇਰੇ ਰਾਮ॥ ਕੋਟਿ ਅਪ੍ਰਾਧ ਭਰੇ ਭੀ ਤੇਰੇ ਚੇਰੇ ਰਾਮ॥ (੫੪੭)

ਅਰਦਾਸ ਵਿੱਚ ਸੱਚੀ ਨਿਰਮਾਣਤਾ ਜ਼ਰੂਰੀ ਹੈ।

– ਮੈ ਨਿਰਗੁਨ ਗੁਣੁ ਨਾਹੀ ਕੋਇ॥ ਕਰਨ ਕਰਾਵਨਹਾਰ ਪ੍ਰਭ ਸੋਇ॥ (੩੮੮)

– ਹਮ ਕਿਛੁ ਨਾਹੀ ਏਕੈ ਓਹੀ॥ ਆਗੈ ਪਾਛੈ ਏਕੋ ਸੋਈ॥ (੩੯੧)

– ਮੈ ਬੰਦਾ ਬੈ ਖਰੀਦੁ ਸਚੁ ਸਾਹਿਬੁ ਮੇਰਾ॥ ਜੀਉ ਪਿੰਡੁ ਸਭੁ ਤਿਸ ਦਾ ਸਭੁ ਕਿਛੁ ਹੈ ਤੇਰਾ॥ (੩੯੬)

– ਹਮਰੀ ਗਣਤ ਨ ਗਣੀਆ ਕਾਈ ਅਪਣਾ ਬਿਰਦੁ ਪਛਾਣਿ॥
ਹਾਥ ਦੇਇ ਰਾਖੇ ਕਰਿ ਅਪੁਨੇ ਸਦਾ ਸਦਾ ਰੰਗੁ ਮਾਣਿ॥ (੬੧੯)

– ਮੈ ਮੂਰਖ ਕੀ ਕੇਤਕ ਬਾਤ ਹੈ ਕੋਟਿ ਪਰਾਧੀ ਤਰਿਆ ਰੇ॥
ਗੁਰੁ ਨਾਨਕੁ ਜਿਨ ਸੁਣਿਆ ਪੇਖਿਆ ਸੇ ਫਿਰਿ ਗਰਭਾਸਿ ਨ ਪਰਿਆ ਰੇ॥ (੬੧੨)

– ਅਸੰਖ ਖਤੇ ਖਿਨ ਬਖਸਨਹਾਰਾ॥ ਨਾਨਕ ਸਾਹਿਬ ਸਦਾ ਦਇਆਰਾ॥ (੨੬੦)

– ਦਾਸ ਅਪਨੇ ਕਉ ਦੀਜੈ ਦਾਨੁ॥ ਕਬਹੂ ਨ ਵਿਸਰੈ ਨਾਨਕ ਨਾਮੁ॥ (੧੭੮)

– ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ॥ ਸਾ ਮਤਿ ਦੀਜੈ ਜਿਤੁ ਤੁਧੁ ਧਿਆਈ॥ (੧੦੦)

– ਤੇਰੈ ਭਰੋਸੈ ਪਿਆਰੇ ਮੈ ਲਾਡ ਲਡਾਇਆ॥ ਭੂਲਹਿ ਚੂਕਹਿ ਬਾਰਿਕ ਤੂੰ ਹਰਿ ਪਿਤਾ ਮਾਇਆ॥ (੫੧)

– ਸਭੁ ਕੋ ਆਸੈ ਤੇਰੀ ਬੈਠਾ॥ ਘਟ ਘਟ ਅੰਤਰਿ ਤੂੰਹੈ ਵੂਠਾ॥
ਸਭੇ ਸਾਝੀਵਾਲ ਸਦਾਇਨਿ ਤੂੰ ਕਿਸੈ ਨ ਦਿਸਹਿ ਬਾਹਰਾ ਜੀਉ॥ (੯੭)

– ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ॥
ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ॥ (੬੮੨)

ਇਸ ਅਰਦਾਸ ਵਿੱਚ ਆਪਣੇ ਇਸ਼ਟ ਉਤੇ ਭਰੋਸਾ ਤੇ ਮਾਣ ਵੀ ਹੈ। ਅਰਦਾਸੀਏ ਦੀ ਅਰਦਾਸ ਪ੍ਰਵਾਨ ਵੀ ਤਾਂ ਹੁੰਦੀ ਹੈ, ਜੇ ਉਸਨੂੰ ਆਪਣੇ ਇਸ਼ਟ ਉੱਤੇ ਪੂਰਨ ਭਰੋਸਾ ਹੋਵੇ ਤੇ ਭਰੋਸੇ ਨਾਲ ਕੀਤੀ ਅਰਦਾਸ ਕਦੇ ਬਿਰਥੀ ਨਹੀਂ ਜਾ ਸਕਦੀ।

– ਬਿਰਥੀ ਕਦੇ ਨ ਹੋਵਈ ਜਨ ਕੀ ਅਰਦਾਸਿ॥ ਨਾਨਕ ਜੋਰੁ ਗੋਵਿੰਦ ਕਾ ਪੂਰਨ ਗੁਣਤਾਸਿ॥ (੮੧੯)

ਇਹ ਭਰੋਸਾ ਹੀ ਸਿੱਖੀ ਦਾ ਧੁਰਾ ਹੈ। ਵੇਖੋ, ਗੁਰੂ ਨਾਨਕ ਸਾਹਿਬ ਨੂੰ ਆਪਣੇ ਇਸ਼ਟ (ਪ੍ਰਮਾਤਮਾ) ਉੱਤੇ ਕਿੰਨਾ ਭਰੋਸਾ ਤੇ ਮਾਣ ਹੈ, ਹਜ਼ੂਰ ਫ਼ੁਰਮਾਉਂਦੇ ਹਨ:

– ਜਾ ਤੂੰ ਕਰਣਹਾਰੁ ਕਰਤਾਰੁ॥ ਕਿਆ ਮੁਹਤਾਜੀ ਕਿਆ ਸੰਸਾਰੁ॥ (੩੪੯)

ਗੁਰੂ ਅਰਜਨ ਦੇਵ ਜੀ ਵੀ ਇਸ ਅਟੱਲ ਭਰੋਸੇ ਨੂੰ ਇਨ੍ਹਾਂ ਸ਼ਬਦਾਂ ਰਾਹੀਂ ਪ੍ਰਗਟ ਕਰਦੇ ਹਨ:

– ਜਾ ਤੂ ਮੇਰੈ ਵਲਿ ਹੈ ਤਾ ਕਿਆ ਮੁਹਛੰਦਾ॥ ਤੁਧੁ ਸਭੁ ਕਿਛੁ ਮੈਨੋ ਸਉਪਿਆ ਜਾ ਤੇਰਾ ਬੰਦਾ॥
ਲਖਮੀ ਤੋਟਿ ਨ ਆਵਈ ਖਾਇ ਖਰਚਿ ਰਹੰਦਾ॥ ਲਖ ਚਉਰਾਸੀਹ ਮੇਦਨੀ ਸਭ ਸੇਵ ਕਰੰਦਾ॥
ਏਹ ਵੈਰੀ ਮਿਤ੍ਰ ਸਭਿ ਕੀਤਿਆ ਨਹ ਮੰਗਹਿ ਮੰਦਾ॥ ਲੇਖਾ ਕੋਇ ਨ ਪੁਛਈ ਜਾ ਹਰਿ ਬਖਸੰਦਾ॥
ਅਨੰਦੁ ਭਇਆ ਸੁਖੁ ਪਾਇਆ ਮਿਲਿ ਗੁਰ ਗੋਵਿੰਦਾ॥ ਸਭੇ ਕਾਜ ਸਵਾਰਿਐ ਜਾ ਤੁਧੁ ਭਾਵੰਦਾ॥ (੧੦੯੬)

ਗੁਰੂ ਗੋਬਿੰਦ ਸਿੰਘ ਜੀ ਵੀ ਆਪਣਾ ਭਰੋਸਾ ਇਉਂ ਬਿਆਨ ਕਰਦੇ ਹਨ:

– ਪਾਇ ਗਏ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ॥
ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ॥
ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ॥
ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ॥ (ਚੌਵੀਸ ਅਵਤਾਰ)

ਅਰਦਾਸ ਵਿੱਚ ਜਿੱਥੇ ਭਰੋਸਾ ਹੈ, ਮਾਣ ਹੈ, ਉੱਥੇ ਪ੍ਰਭੂ ਦੀ ਸਿਫ਼ਤ ਸਾਲਾਹ ਵੀ ਹੁੰਦੀ ਹੈ। ਗੁਰੂ ਨਾਨਕ ਸਾਹਿਬ ਉਸਦੀ ਸਿਫ਼ਤ ਵਿੱਚ ਗਾਉਂਦੇ ਹਨ:

- ਕੁਦਰਤਿ ਕਵਣ ਕਹਾ ਵੀਚਾਰੁ॥ ਵਾਰਿਆ ਨ ਜਾਵਾ ਏਕ ਵਾਰ॥
ਜੋ ਤੁਧੁ ਭਾਵੈ ਸਾਈ ਭਲੀ ਕਾਰ॥ ਤੂ ਸਦਾ ਸਲਾਮਤਿ ਨਿਰੰਕਾਰ॥ (੩)

- ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ॥ (੭੯੫)

ਪ੍ਰਭੂ ਦੀ ਸਿਫ਼ਤ ਵਿੱਚ ਲੀਨ ਹੋਏ ਗੁਰਦੇਵ ਆਪਣੀ ਰੀਝ ਇੰਜ ਪ੍ਰਗਟ ਕਰਦੇ ਹਨ:

- ਕੋਟਿ ਕੋਟੀ ਮੇਰੀ ਆਰਜਾ ਪਵਣੁ ਪੀਅਣੁ ਅਪਿਆਉ॥ ਚੰਦੁ ਸੂਰਜੁ ਦੁਇ ਗੁਫੈ ਨ ਦੇਖਾ ਸੁਪਨੈ ਸਉਣ ਨ ਥਾਉ॥
ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥ (੧੪)

ਕਰੋੜਾਂ ਸਾਲ ਮੇਰੀ ਉਮਰ ਹੋਵੇ, ਸਿਰਫ਼ ਹਵਾ ਹੀ ਮੇਰਾ ਖਾਣਾ ਤੇ ਪੀਣਾ ਹੋਵੇ। ਗੁਫ਼ਾ ਵਿੱਚ ਸਮਾਧੀ ਲਾਈ ਮੈਂ ਚੰਦ ਤੇ ਸੂਰਜ ਤੱਕ ਨਾ ਵੇਖਾਂ, ਸੁਪਨੇ ਵਿੱਚ ਸੌਣ ਦੀ ਥਾਂ ਨਾ ਹੋਵੇ, ਨਾ ਸੌਵਾਂ। ਏਨੀ ਲੰਮੀ ਸਮਾਧੀ ਵਿੱਚ ਵੀ ਤੇਰਾ ਪੂਰਾ ਮੁੱਲ ਨਹੀਂ ਪਾਇਆ ਜਾ ਸਕਦਾ। ਮੈਂ ਤੈਨੂੰ ਕਿੱਡਾ ਵੱਡਾ ਆਖਾਂ ਤੇ ਤੇਰੀ ਕੀ ਵਡਿਆਈ ਕਰਾਂ? ਤੂੰ ਵਡਿਆਈ ਤੋਂ ਵੀ ਉੱਪਰ ਹੈਂ।

ਗੁਰਦੇਵ ਨਿਰੰਕਾਰ ਤੋਂ ਬਿਨਾਂ ਹੋਰ ਕਿਸੇ ਨੂੰ ਆਪਣਾ "ਸਾਹਿਬ" ਨਹੀਂ ਮੰਨਦੇ।

- ਸਾਹਿਬੁ ਮੇਰਾ ਏਕੋ ਹੈ॥ ਏਕੋ ਹੈ ਭਾਈ ਏਕੋ ਹੈ॥ (੩੫੦)

ਸਭ ਕੁਝ ਤੇਰਾ ਕੀਤਾ ਹੀ ਹੁੰਦਾ ਹੈ।

- ਜੈਸਾ ਤੂੰ ਕਰਹਿ ਤੈਸਾ ਕੋ ਹੋਇ॥ ਤੁਝ ਬਿਨੁ ਦੂਜਾ ਨਾਹੀ ਕੋਇ॥ (੩੫੧)

ਉਹ ਇੱਕ ਹੀ ਸਭ ਦਾ ਦਾਤਾ ਹੈ।

- ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ॥ (੨)

- ਸੋ ਕਿਉ ਮਨਹੁ ਵਿਸਾਰੀਐ ਸਭ ਜੀਆ ਕਾ ਆਧਾਰੁ॥ (੫੮)

- ਨ ਦੇਵ ਦਾਨਵਾ ਨਰਾ॥ ਨ ਸਿਧ ਸਾਧਿਕਾ ਧਰਾ॥ਅਸਤਿ ਏਕ ਦਿਗਰਿ ਕੁਈ॥ ਏਕ ਤੁਈ ਏਕ ਤੁਈ॥ (੧੪੩)

- ਦੂਜਾ ਕਉਨੁ ਕਹਾ ਨਹੀ ਕੋਈ॥ ਸਭ ਮਹਿ ਏਕੁ ਨਿਰੰਜਨੁ ਸੋਈ॥ (੨੨੩)

- ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ॥
ਸਭਨਾ ਕਾ ਦਾਤਾ ਕਰਮ ਬਿਧਾਤਾ ਦੂਖ ਬਿਸਾਰਣਹਾਰੁ ਜੀਉ॥
ਦੂਖ ਬਿਸਾਰਣਹਾਰੁ ਸੁਆਮੀ ਕੀਤਾ ਜਾ ਕਾ ਹੋਵੈ॥ ਕੋਟ ਕੋਟੰਤਰ ਪਾਪਾ ਕੇਰੇ ਏਕ ਘੜੀ ਮਹਿ ਖੋਵੈ॥ (੪੩੮)

- ਸਾਚਉ ਦੂਰਿ ਨ ਜਾਣੀਐ ਅੰਤਰਿ ਹੈ ਸੋਈ॥ ਜਹ ਦੇਖਾ ਤਹ ਰਵਿ ਰਹੇ ਕਿਨਿ ਕੀਮਤਿ ਹੋਈ॥ (੪੨੧)

- ਕਰੇ ਕਰਾਏ ਸਭ ਕਿਛੁ ਜਾਣੈ ਨਾਨਕ ਸਾਇਰ ਇਵ ਕਹਿਆ॥ (੪੩੪)

- ਜੋਗੀ ਸੁੰਨਿ ਧਿਆਵਨ੍ਹਿ ਜੇਤੇ ਅਲਖ ਨਾਮੁ ਕਰਤਾਰੁ॥
ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ॥(੪੬੫)

– ਨਿਰਭਉ ਨਿਰੰਕਾਰੁ ਨਿਰਵੈਰੁ ਪੂਰਨ ਜੋਤਿ ਸਮਾਈ॥ (੫੯੬)

– ਅਲਖ ਅਪਾਰ ਅਗੰਮ ਅਗੋਚਰ ਨਾ ਤਿਸੁ ਕਾਲੁ ਨ ਕਰਮਾ॥
ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ॥
ਸਾਚੇ ਸਚਿਆਰ ਵਿਟਹੁ ਕੁਰਬਾਨੁ॥ ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਨੁ॥ਰਹਾਉ॥
ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ॥
ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ॥
ਘਟ ਘਟ ਅੰਤਰਿ ਬ੍ਰਹਮੁ ਲੁਕਾਇਆ ਘਟਿ ਘਟਿ ਜੋਤਿ ਸਬਾਈ॥
ਬਜਰ ਕਪਾਟ ਮੁਕਤੇ ਗੁਰਮਤੀ ਨਿਰਭੈ ਤਾੜੀ ਲਾਈ॥
ਜੰਤ ਉਪਾਇ ਕਾਲੁ ਸਿਰਿ ਜੰਤਾ ਵਸਗਤਿ ਜੁਗਤਿ ਸਬਾਈ॥
ਸਤਿਗੁਰੁ ਸੇਵਿ ਪਦਾਰਥੁ ਪਾਵਹਿ ਛੂਟਹਿ ਸਬਦੁ ਕਮਾਈ॥
ਸੂਚੈ ਭਾਡੈ ਸਾਚੁ ਸਮਾਵੈ ਵਿਰਲੇ ਸੂਚਾਚਾਰੀ॥
ਤੰਤੈ ਕਉ ਪਰਮ ਤੰਤੁ ਮਿਲਾਇਆ ਨਾਨਕ ਸਰਣਿ ਤੁਮਾਰੀ॥ (੫੯੭)

– ਸੋ ਬ੍ਰਹਮੁ ਅਜੋਨੀ ਹੈ ਭੀ ਹੋਨੀ ਘਟ ਭੀਤਰਿ ਦੇਖੁ ਮੁਰਾਰੀ ਜੀਉ॥ (੫੯੭)

ਉਸ ਨਿਰੰਕਾਰ ਦੀਆਂ ਸਿਫ਼ਤਾਂ ਕਰਦੇ ਕਰਦੇ ਗੁਰਦੇਵ ਅੰਤ ਬੜੀ ਨਿਰਮਾਣਤਾ ਨਾਲ ਕਹਿੰਦੇ ਹਨ:

– ਤਿਸੁ ਬਿਨੁ ਮੇਰਾ ਕੋ ਨਹੀ ਜਿਸ ਕਾ ਜੀਉ ਪਰਾਨੁ॥ (੫੯)

ਉਪਰ ਹਜ਼ੂਰ ਨੇ ਆਪਣੇ ਆਪ ਨੂੰ ਸ਼ਾਇਰ (ਕਵੀ) ਕਿਹਾ ਹੈ। ਅਗਲੀ ਤੁਕ ਵਿੱਚ ਆਪਣੇ ਆਪ ਨੂੰ ਢਾਢੀ (ਜਸ ਗਾਉਣ ਵਾਲਾ) ਕਹਿੰਦੇ ਹਨ:

– ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ॥ ਤਿਨ੍ ਮੰਗਾ ਜਿ ਤੁਝੈ ਧਿਆਇਦੇ॥ (੪੬੮)

ਨਿਰਮਾਣਤਾ ਦੀ ਵੀ ਹੱਦ ਹੁੰਦੀ ਹੈ। ਗੁਰਦੇਵ ਕਹਿੰਦੇ ਹਨ ਕਿ ਮੈਂ ਢਾਢੀਆਂ ਵਿੱਚੋਂ ਵੀ ਛੋਟਾ ਜਿਹਾ ਢਾਢੀ ਹਾਂ ਤੇ ਸਿਰਫ਼ ਤੇਰੇ ਦਰ ਦਾ ਹੀ ਮੰਗਤਾ ਨਹੀਂ ਸਗੋਂ ਜੋ ਤੇਰਾ ਸਿਮਰਨ ਕਰਦੇ ਹਨ, ਉਨ੍ਹਾਂ ਦਾ ਵੀ ਮੰਗਤਾ (ਜਸ ਗਾਉਣ ਵਾਲਾ) ਹਾਂ।

ਗੁਰੂ ਨਾਨਕ ਸਾਹਿਬ ਨੇ ਨਿਰੰਕਾਰ ਕੋਲੋਂ ਸਭ ਤੋਂ ਮਨ ਚਾਹੀ ਦਾਤ ਗਰੀਬੀ (ਨਿਰਮਾਣਤਾ) ਮੰਗੀ ਹੈ। ਹਜ਼ੂਰ ਦੀ ਬਾਣੀ ਵਿੱਚ ਇਸਦੇ ਕਈ ਪ੍ਰਮਾਣ ਮਿਲਦੇ ਹਨ, ਜਿਵੇਂ:

– ਤੇਰਾ ਦਾਸਨਿ ਦਾਸਾ ਕਹਉ ਰਾਇ॥ (੧੧੬੮)

– ਹਮ ਥਾਰੇ ਤ੍ਰਿਭਵਣ ਜਗੁ ਤੁਮਰਾ ਤੂ ਮੇਰਾ ਹਉ ਤੇਰਾ॥ (੧੨੫੫)

– ਜਾਂ ਹਉ ਤੇਰਾ ਤਾਂ ਸਭੁ ਕਿਛੁ ਮੇਰਾ ਹਉ ਨਾਹੀ ਤੂ ਹੋਵਹਿ॥ (੧੨੪੨)

ਕਿੰਨਾ ਮਾਣ ਹੈ ਸਤਿਗੁਰਾਂ ਨੂੰ ਨਿਰੰਕਾਰ ਉੱਪਰ। ਜਾਂ ਮੈਂ ਤੇਰਾ ਹਾਂ, ਤਾਂ ਸਭ ਕੁਛ ਹੀ ਮੇਰਾ ਹੈ। ਪਰ ਸ਼ਰਤ ਇਹ ਹੈ ਕਿ ਮੇਰੇ ਵਿੱਚ ਹਉ (ਹਉਮੈ) ਨਾ ਹੋਵੇ, ਸਗੋਂ ਮੇਰੇ ਹਿਰਦੇ ਵਿੱਚ ਤੂੰ ਹੀ ਹੋਵੇਂ। ਇਸ ਦਾ ਕਾਰਨ ਹਜ਼ੂਰ ਦੱਸ ਰਹੇ ਹਨ:

– ਹਉ ਮੈ ਕਰੀ ਤਾਂ ਤੂ ਨਾਹੀ ਤੂ ਹੋਵਹਿ ਹਉ ਨਾਹਿ॥ (੧੦੯੨)

ਹਉਮੈ ਹੀ ਇਨਸਾਨ ਦੀ ਸਭ ਤੋਂ ਵੱਡੀ ਦੁਸ਼ਮਣ ਹੈ। ਇਸੇ ਦੇ ਦੂਰ ਕਰਨ ਉੱਤੇ ਹਜ਼ੂਰ ਜ਼ੋਰ ਦੇਂਦੇ ਹਨ:

– ਨਾ ਹਮ ਚੰਗੇ ਆਖੀਅਹ ਬੁਰਾ ਨ ਦਿਸੈ ਕੋਇ॥ ਨਾਨਕ ਹਉਮੈ ਮਾਰੀਐ ਸਚੇ ਜੇਹੜਾ ਸੋਇ॥ (੧੦੧੫)

– ਜੇਤਾ ਸਮੁੰਦੁ ਸਾਗਰੁ ਨੀਰਿ ਭਰਿਆ ਤੇਤੇ ਅਉਗਣ ਹਮਾਰੇ॥
ਦਇਆ ਕਰਹੁ ਕਿਛੁ ਮਿਹਰ ਉਪਾਵਹੁ ਡੁਬਦੇ ਪਥਰ ਤਾਰੇ॥
ਜੀਅੜਾ ਅਗਨਿ ਬਰਾਬਰਿ ਤਪੈ ਭੀਤਰਿ ਵਗੈ ਕਾਤੀ॥
ਪ੍ਰਣਵਤਿ ਨਾਨਕੁ ਹੁਕਮੁ ਪਛਾਣੈ ਸੁਖੁ ਹੋਵੈ ਦਿਨੁ ਰਾਤੀ॥ (੧੫੬)

ਜ਼ਰਾ ਗਹੁ ਨਾਲ ਵੀਚਾਈਏ, ਕਿੰਨੀ ਨਿਰਮਾਣਤਾ ਹੈ, ਇਨ੍ਹਾਂ ਸ਼ਬਦਾਂ ਵਿੱਚ।

– ਮੈ ਕੀਤਾ ਨ ਜਾਤਾ ਹਰਾਮਖੋਰੁ॥ ਹਉ ਕਿਆ ਮੁਹੁ ਦੇਸਾ ਦੁਸਟੁ ਚੋਰੁ॥
ਨਾਨਕੁ ਨੀਚੁ ਕਹੈ ਬੀਚਾਰੁ॥ ਧਾਣਕ ਰੂਪਿ ਰਹਾ ਕਰਤਾਰ॥ (੨੪)

– ਆਪਿ ਕਰੇ ਸਚੁ ਅਲਖ ਅਪਾਰੁ॥ ਹਉ ਪਾਪੀ ਤੂੰ ਬਖਸਣਹਾਰੁ॥
ਤੇਰਾ ਭਾਣਾ ਸਭੁ ਕਿਛੁ ਹੋਵੈ॥ ਮਨਹਠਿ ਕੀਚੈ ਅੰਤਿ ਵਿਗੋਵੈ॥ (੩੫੬)

ਮਨ ਹਠ ਨਾਲ ਤਾਂ ਕੁਝ ਪ੍ਰਾਪਤ ਨਹੀਂ ਹੁੰਦਾ। ਸੋ ਗੁਰਦੇਵ ਨਿਰੰਕਾਰ ਨੂੰ "ਜਜਮਾਨ" ਮੰਨ ਕੇ, ਉਸ ਤੋਂ ਦਾਨ ਮੰਗਦੇ ਹਨ।

– ਕਰਤਾ ਤੂ ਮੇਰਾ ਜਜਮਾਨੁ॥ ਇਕ ਦਖਿਣਾ ਹਉ ਤੈ ਪਹਿ ਮਾਗਉ ਦੇਹਿ ਆਪਣਾ ਨਾਮੁ॥ (੧੩੨੯)

ਕਿਉਂਕਿ ਗੁਣਾਂ ਦਾ ਭੰਡਾਰ ਇੱਕ ਅਕਾਲ ਪੁਰਖ ਤੂੰ ਹੀ ਹੈ, ਇਸ ਲਈ:

– ਸਭਿ ਗੁਣ ਤੇਰੇ ਮੈ ਨਾਹੀ ਕੋਇ॥ (੪)

– ਤੂਹੈ ਹੈ ਵਾਹੁ ਤੇਰੀ ਰਜਾਇ॥ (੧੩੨੯)

ਸ਼ਰਧਾ ਅਤੇ ਨਿਰਮਾਣਤਾ ਵਿੱਚ ਭਿੱਜੇ ਹੋਏ ਗੁਰਦੇਵ ਉਸ ਰਜ਼ਾ ਵਾਲੇ ਦੀ ਚਰਨਧੂੜ ਲੋਚਦੇ ਹਨ:

– ਸਾਜਨ ਤੇਰੇ ਚਰਨ ਕੀ ਹੋਇ ਰਹਾ ਸਦ ਧੂਰਿ॥ ਨਾਨਕ ਸਰਣਿ ਤੁਹਾਰੀਆ ਪੇਖਉ ਸਦਾ ਹਜੂਰਿ॥ (੯੮੯)

ਗੁਰੂ ਰਾਮਦਾਸ ਜੀ ਆਪਣੇ ਪਹਿਲੇ ਜੀਵਨ ਨੂੰ ਯਾਦ ਕਰਕੇ ਗੁਰਦੇਵ ਦਾ ਧੰਨਵਾਦ ਕਰਦੇ ਹੋਏ ਆਪਣੀ ਸ਼ਰਧਾ ਪ੍ਰਗਟ ਕਰਦੇ ਹਨ:

– ਜੋ ਹਮਰੀ ਬਿਧਿ ਹੋਤੀ ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ॥
ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ॥ (੧੬੭)

– ਸਭੁ ਕੋ ਤੇਰਾ ਤੂੰ ਸਭਸੁ ਦਾ ਤੂੰ ਸਭਨਾ ਰਾਸਿ॥ ਸਭਿ ਤੁਧੈ ਪਾਸਹੁ ਮੰਗਦੇ ਨਿਤ ਕਰਿ ਅਰਦਾਸਿ॥ (੮੬)

ਗੁਰੂ ਅਰਜਨ ਦੇਵ ਜੀ ਇਨ੍ਹਾਂ ਸ਼ਬਦਾਂ ਵਿੱਚ ਬੇਨਤੀ ਕਰਦੇ ਹਨ:

– ਸੁਣਿ ਬੇਨੰਤੀ ਸੁਆਮੀ ਅਪੁਨੇ ਨਾਨਕੁ ਇਹੁ ਸੁਖੁ ਮਾਗੈ॥
ਜਹ ਕੀਰਤਨੁ ਤੇਰਾ ਸਾਧੂ ਗਾਵਹਿ ਤਹ ਮੇਰਾ ਮਨੁ ਲਾਗੈ॥ (੬੧੦)

ਫਿਰ ਹਜ਼ੂਰ ਆਪਣੀ ਸੰਤੁਸ਼ਟਤਾ ਦਾ ਪ੍ਰਗਟਾਵਾ ਕਰਦੇ ਹਨ:

– ਹਰਿ ਜੀਉ ਤੇਰੀ ਦਾਤੀ ਰਾਜਾ॥ ਮਾਣਸੁ ਬਪੁੜਾ ਕਿਆ ਸਾਲਾਹੀ ਕਿਆ ਤਿਸ ਕਾ ਮੁਹਤਾਜਾ॥ (੬੦੮)

ਜਦੋਂ ਅਰਦਾਸ ਪ੍ਰਭੂ ਦੇ ਦਰ ਤੇ ਪ੍ਰਵਾਨ ਹੋ ਜਾਂਦੀ ਹੈ, ਤਾਂ ਪ੍ਰਭੂ ਦੀ ਦਿਆਲਤਾ ਨੂੰ ਅਨੁਭਵ ਕਰਦੇ ਹੋਏ ਗੁਰਦੇਵ ਮਸਤੀ ਵਿੱਚ ਇਉਂ ਪੁਕਾਰ ਉੱਠਦੇ ਹਨ:

– ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ॥
ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ॥
ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ॥
ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ॥ (੧੪੯)